# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 24-11-2024**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਕਿਹਾ ਕਿ ਏਕ ਪੇਡ ਮਾਂ ਕੇ ਨਾਮ ਮੁਹਿੰਮ ਨੇ ਸਿਰਫ਼ ਪੰਜ ਮਹੀਨਿਆਂ ਵਿੱਚ 100 ਕਰੋੜ ਰੁੱਖ ਲਗਾਉਣ ਦਾ ਮਹੱਤਵਪੂਰਨ ਮੀਲ ਪੱਥਰ ਪਾਰ ਕਰ ਲਿਆ ਏ। ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਇਸ ਗੱਲ 'ਤੇ ਖੁਸ਼ੀ ਮਹਿਸੂਸ ਕੀਤੀ ਕਿ ਦੇਸ਼ ਭਰ ਦੇ ਲੋਕਾਂ ਨੇ ਇਸ ਮੁਹਿੰਮ ਵਿੱਚ ਹਿੱਸਾ ਲਿਆ। ਉਨ੍ਹਾਂ ਮਾਣ ਪ੍ਰਗਟਾਇਆ ਕਿ ਇਹ ਮੁਹਿੰਮ ਹੁਣ ਦੁਨੀਆ ਦੇ ਹੋਰ ਦੇਸ਼ਾਂ ਵਿੱਚ ਵੀ ਫੈਲ ਰਹੀ ਏ। ਉਨ੍ਹਾਂ ਕਿਹਾ ਕਿ ਮੱਧ ਪ੍ਰਦੇਸ਼ ਦੇ ਇੰਦੌਰ ਵਿੱਚ ਰੁੱਖ ਲਗਾਉਣ ਦਾ ਰਿਕਾਰਡ ਬਣਾਇਆ ਗਿਆ ਏ, ਜਿਸ ਵਿੱਚ 24 ਘੰਟਿਆਂ ਵਿੱਚ 12 ਲੱਖ ਤੋਂ ਵੱਧ ਰੁੱਖ ਲਗਾਏ ਗਏ ਨੇ। ਸ੍ਰੀ ਮੋਦੀ ਨੇ ਮੁਹਿੰਮ ਤਹਿਤ ਸਮਾਜਿਕ ਸੰਸਥਾਵਾਂ ਵੱਲੋਂ ਸਥਾਨਕ ਲੋੜਾਂ ਅਨੁਸਾਰ ਰੁੱਖ ਲਗਾਉਣ ਦੀਆਂ ਉਦਾਹਰਣਾਂ ਵੀ

ਸਾਂਝੀਆਂ ਕੀਤੀਆਂ। ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਮੁਹਿੰਮ ਵਿੱਚ ਹਿੱਸਾ ਲੈਣ ਅਤੇ ਰੁੱਖ ਦੇ ਨਾਲ ਇੱਕ ਸੈਲਫੀ mygov.in 'ਤੇ ਪੋਸਟ ਕਰਨ ਦੀ ਅਪੀਲ ਵੀ ਕੀਤੀ। ਸਫ਼ਾਈ ਦੇ ਵਿਸ਼ੇ 'ਤੇ ਗੱਲ ਕਰਦਿਆਂ ਸ੍ਰੀ ਮੋਦੀ ਨੇ ਕਿਹਾ ਕਿ ਸਰਕਾਰੀ ਦਫ਼ਤਰਾਂ ਤੋਂ ਦਹਾਕਿਆਂ ਪੁਰਾਣੀਆਂ ਫਾਈਲਾਂ ਅਤੇ ਸਕ੍ਰੈਪ ਨੂੰ ਹਟਾਉਣ ਲਈ ਵਿਸ਼ੇਸ਼ ਸਵੱਛਤਾ ਅਭਿਆਨ ਸ਼ੁਰੂ ਕੀਤਾ ਗਿਆ ਸੀ। ਇਸ ਮੁਹਿੰਮ ਦੇ ਸਰਕਾਰੀ ਵਿਭਾਗਾਂ ਵਿੱਚ ਸ਼ਾਨਦਾਰ ਨਤੀਜੇ ਸਾਹਮਣੇ ਆਏ ਹਨ ਅਤੇ ਦਫ਼ਤਰਾਂ ਵਿੱਚ ਕਾਫੀ ਥਾਂ ਖਾਲੀ ਹੋਈ ਏ। ਅੱਜ ਐਨਸੀਸੀ ਦਿਵਸ ਮੌਕੇ ਤੇ ਸ੍ਰੀ ਮੋਦੀ ਨੇ ਐਨਸੀਸੀ ਕੈਡੇਟ ਵਜੋਂ ਆਪਣੇ ਦਿਨਾਂ ਦਾ ਜ਼ਿਕਰ ਕੀਤਾ। ਉਨ੍ਹਾਂ ਸਾਂਝਾ ਕੀਤਾ ਕਿ ਇਸ ਤੋਂ ਪ੍ਰਾਪਤ ਤਜਰਬਾ ਅਨਮੋਲ ਏ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਐਨਸੀਸੀ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਨੇ। ਸ੍ਰੀ ਮੋਦੀ ਨੇ ਐਲਾਨ ਕੀਤਾ ਕਿ ਅਗਲੇ ਸਾਲ ਸਵਾਮੀ ਵਿਵੇਕਾਨੰਦ ਦੀ 162ਵੀਂ ਜਯੰਤੀ ਮੌਕੇ ਦਿੱਲੀ ਵਿੱਚ‘ਵਿਕਾਸ ਭਾਰਤ ਯੰਗ ਲੀਡਰਸ ਡਾਇਲਾਗ’ਕਰਵਾਇਆ ਜਾਵੇਗਾ। ਇਸ ਵਿੱਚ ਪਿੰਡਾਂ, ਬਲਾਕਾਂ, ਜ਼ਿਲ੍ਹਿਆਂ ਅਤੇ ਰਾਜਾਂ ਤੋਂ ਚੁਣੇ ਗਏ ਅਜਿਹੇ ਦੋ ਹਜ਼ਾਰ ਨੌਜਵਾਨ ਸੰਵਾਦ ਲਈ

ਭਾਰਤ ਮੰਡਪਮ ਵਿਖੇ ਇਕੱਠੇ ਹੋਣਗੇ। ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੇ ਗੈਰ ਸਿਆਸੀ ਪਿਛੋਕੜ ਵਾਲੇ ਪਰਿਵਾਰਾਂ ਦੇ ਨੌਜਵਾਨਾਂ ਨੂੰ ਲਾਲ ਕਿਲ੍ਹੇ ਤੋਂ ਸਿਆਸਤ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਏ। ਉਨ੍ਹਾਂ ਦੱਸਿਆ ਕਿ ਅਜਿਹੇ ਇੱਕ ਲੱਖ ਨੌਜਵਾਨਾਂ ਨੂੰ ਰਾਜਨੀਤੀ ਨਾਲ ਜੋੜਨ ਲਈ ਦੇਸ਼ ਵਿੱਚ ਕਈ ਵਿਸ਼ੇਸ਼ ਮੁਹਿੰਮਾਂ ਚਲਾਈਆਂ ਜਾਣਗੀਆਂ।

---------------------------------------------------------------

ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਸ਼ਹੀਦੀ ਦਿਹਾੜਾ ਅੱਜ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ । ਸਾਲ 1675 ਵਿਚ ਗੁਰੂ ਤੇਗ ਬਹਾਦਰ ਜੀ ਨੇ ਧਰਮ, ਮਨੁੱਖੀ ਕਦਰਾਂ-ਕੀਮਤਾਂ, ਆਦਰਸ਼ਾਂ ਅਤੇ ਸਿਧਾਂਤਾਂ ਦੀ ਰਾਖੀ ਲਈ ਆਪਣੀ ਸ਼ਹਾਦਤ ਦਿੱਤੀ ਸੀ । ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਹਰ ਸਾਲ ਸ਼ਹੀਦੀ ਦਿਹਾੜੇ ਵਜੋਂ ਯਾਦ ਕੀਤਾ ਜਾਂਦਾ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਸ਼੍ਰੀ ਗੁਰੂ ਤੇਗ ਬਹਾਦਰ ਜੀ ਨੂੰ ਉਨ੍ਹਾਂ ਦੇ ਸ਼ਹੀਦੀ ਦਿਵਸ 'ਤੇ ਸ਼ਰਧਾਂਜਲੀ ਭੇਟ ਕੀਤੀ ਹੈ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਰਾਸ਼ਟਰਪਤੀ ਨੇ ਕਿਹਾ ਕਿ ਗੁਰੂ ਤੇਗ ਬਹਾਦਰ ਇੱਕ ਮਹਾਨ ਅਧਿਆਤਮਿਕ ਮਾਰਗਦਰਸ਼ਕ

ਅਤੇ ਇੱਕ ਸੱਚੇ ਦੇਸ਼ ਭਗਤ ਸਨ। ਉਨ੍ਹਾਂ ਪਿਆਰ ਅਤੇ ਏਕਤਾ ਨੂੰ ਅੱਗੇ ਵਧਾਇਆ ਅਤੇ ਲੋਕਾਂ ਨੂੰ ਸੱਚ ਅਤੇ ਨਿਆਂ ਲਈ ਲੜਨ ਲਈ ਉਤਸ਼ਾਹਿਤ ਕੀਤਾ। ਰਾਸ਼ਟਰਪਤੀ ਨੇ ਸਮੂਹ ਦੇਸ਼ ਵਾਸੀਆਂ ਖਾਸ ਕਰਕੇ ਨੌਜਵਾਨਾਂ ਨੂੰ ਗੁਰੂ ਤੇਗ ਬਹਾਦਰ ਜੀ ਦੀਆਂ ਸਿੱਖਿਆਵਾਂ ਨੂੰ ਅਪਣਾਉਣ ਅਤੇ ਉਨ੍ਹਾਂ ਦੇ ਮਹਾਨ ਆਦਰਸ਼ਾਂ 'ਤੇ ਚੱਲਣ ਲਈ ਕਿਹਾ। ਓਧਰ, ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਸ਼ਹੀਦੀ ਦਿਨ ਮੌਕੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਵੀ ਸ਼ਰਧਾਂਜਲੀ ਭੇਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਉਪ ਰਾਸ਼ਟਰਪਤੀ ਨੇ ਉਨ੍ਹਾਂ ਨੂੰ ਹੌਸਲੇ ਅਤੇ ਨਿਰਸਵਾਰਥ ਕੁਰਬਾਨੀ ਦਾ ਪ੍ਰਤੀਕ ਕਿਹਾ ਏ। ਸ੍ਰੀ ਧਨਖੜ ਨੇ ਕਿਹਾ ਕਿ ਮਨੁੱਖਤਾ ਦੇ ਮੌਲਿਕ ਅਧਿਕਾਰਾਂ ਦੀ ਰਾਖੀ ਲਈ ਉਨ੍ਹਾਂ ਦੀ ਬੇਮਿਸਾਲ ਕੁਰਬਾਨੀ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਦਾ ਸਦੀਵੀ ਸਰੋਤ ਰਹੇਗੀ।

-----------------------------------------------------

ਸਾਲ 2017-18 ਦੀ ਸਲਾਨਾ ਰਿਟਰਨ ਵੈਟ ਜਮ੍ਹਾਂ ਕਰਾਉਣ ਦੀ ਮਿਆਦ 15 ਜਨਵਰੀ 2025 ਤੱਕ ਵਧਾ ਦਿੱਤੀ ਗਈ ਏ। ਇਹ

ਜਾਣਕਾਰੀ ਦਿੰਦਿਆਂ ਆਬਕਾਰੀ ਅਤੇ ਕਰ ਵਿਭਾਗ ਦੇ ਚੇਅਰਮੈਨ ਅਨਿੱਲ ਠਾਕੁਰ ਨੇ ਦੱਸਿਆ ਕਿ ਪਬਲਿਕ ਨੋਟਿਸ ਰਾਹੀਂ ਪੰਜਾਬ ਵੈਟ ਐਕਟ 2005 ਅਨੁਸਾਰ ਇਹਨਾਂ ਕੇਸਾਂ ਦੀ ਅਸੈਸਮੈਂਟ ਕਰਨ ਦੀ ਮਿਆਦ 6 ਸਾਲਾਂ ਤੱਕ ਬਣਦੀ ਏ। ਚੇਅਰਮੈਨ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਪਾਰਕ ਭਾਈਚਾਰੇ ਦੀਆਂ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇਗਾ।

---------------------------------------------------------

ਤਰਨ ਤਾਰਨ ਵਿਚ ਡੇਂਗੂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਦੇ ਮੱਦੇਨਜ਼ਰ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾਕਟਰ ਬਲਬੀਰ ਸਿੰਘ ਨੇ ਸਿਵਲ ਹਸਪਤਾਲ ਦਾ ਦੌਰਾ ਕਰਕੇ ਸਿਹਤ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕੀਤੀ। ਸਿਹਤ ਮੰਤਰੀ ਨੇ ਹਸਪਤਾਲ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕਰਕੇ ਮਰੀਜ਼ਾਂ ਨਾਲ ਮੁਲਾਕਾਤ ਵੀ ਕੀਤੀ। ਸਿਹਤ ਮੰਤਰੀ ਵੱਲੋਂ ਵਾਰਡਾਂ ਦੇ ਨਿਰੀਖਣ ਦੌਰਾਨ ਅੱਖਾਂ ਦੇ ਰੋਗ ਤੋਂ ਪੀੜਿਤ ਇੱਕ ਮਹਿਲਾ ਦੀ ਖੁਦ ਜਾਂਚ ਕਰਨ ਦੇ ਨਾਲ-ਨਾਲ ਕੁਝ ਮਰੀਜ਼ਾਂ ਦੀਆਂ ਰਿਪੋਰਟਾਂ ਵੀ ਵੇਖੀਆਂ। ਉਨ੍ਹਾਂ ਕਿਹਾ ਕਿ ਸਿਹਤ ਅਤੇ

ਪਰਿਵਾਰ ਭਲਾਈ ਵਿਭਾਗ ਵੱਲੋਂ ਸੂਬੇ ਵਿੱਚ 400 ਦੇ ਕਰੀਬ ਡਾਕਟਰਾਂ ਦੀ ਨਿਯੁਕਤੀ ਕੀਤੀ ਜਾ ਚੁੱਕੀ ਏ।

---------------------------------------------------------------

ਫਰੀਦਕੋਟ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀਆਂ ਟੀਮਾਂ ਵੱਲੋਂ ਜ਼ਿਲ੍ਹੇ ਵਿੱਚ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਸਹਿਕਾਰੀ ਸਭਾਵਾਂ ਅਤੇ ਖਾਦ ਵਿਕਰੇਤਾਵਾਂ  ਨਾਲ ਸੰਬੰਧਤ ਗੋਦਾਮਾਂ ਦੀ ਅਚਨਚੇਤ ਚੈਕਿੰਗ ਲਗਾਤਾਰ ਜਾਰੀ ਹੈ। ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਜ਼ਿਲੇ ਵਿਚ 70 ਪ੍ਰਤੀਸ਼ਤ ਰਕਬੇ ਵਿੱਚ ਕਣਕ ਦੀ ਬਿਜਾਈ ਹੋ ਚੁੱਕੀ ਏ ਹੈ । ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਡੀ ਏ ਪੀ ਖਾਦ ਦੀ ਕਾਲਾਬਜ਼ਾਰੀ ਅਤੇ ਜਮਾਂ ਖੋਰੀ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਜਾ ਗਈ ਏ ਤਾਂ ਕਿਸਾਨਾਂ ਨੂੰ ਦੀ ਏ ਪੀ ਖਾਦ ਜ਼ਰੂਰਤ ਅਨੁਸਾਰ ਮਿਲਣ ਵਿਚ ਮੁਸ਼ਕਲ ਨਾ ਆਵੇ। ਉਨਾਂ ਦੱਸਿਆ ਕਿ ਕਣਕ ਦੀ ਕਾਸ਼ਤ ਲਈ ਫਾਸਫੋਰਸ ਦੀ ਪੂਰਤੀ ਲਈ ਹੁਣ ਡੀ ਏ ਪੀ ਦੇ ਹੋਰ ਵੀ ਬਦਲ ਬਾਜ਼ਾਰ ਵਿਚ ਮੌਜੂਦ ਨੇ।

---------------------------------------------------------------

ਯੁਵਕ ਸੇਵਾਵਾਂ ਵਿਭਾਗ ਨੇ ਫ਼ਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ 45 ਨੌਜਵਾਨ ਲੜਕੇ ਤੇ ਲੜਕੀਆਂ ਨੂੰ ਦੇਸ਼ ਦੀ ਰਾਜਧਾਨੀ ਦਿੱਲੀ ਵਿਖੇ ਚਾਰ ਦਿਨਾਂ ਦਾ ਉਤਸ਼ਾਹੀ ਦੌਰਾ ਕਰਵਾਇਆ। ਇਸ ਦੌਰੇ ਵਿੱਚ ਸ਼ਹੀਦ ਭਗਤ ਸਿੰਘ ਸਪੋਰਟਸ ਤੇ ਕਲਚਰਲ ਕਲੱਬ ਕਪੂਰਗੜ੍ਹ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ,ਮੂਲੇਪੁਰ,ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਅਤੇ ਲਿੰਕਨ ਕਾਲਜ ਫਤਹਿਗੜ੍ਹ ਸਾਹਿਬ ਦੇ ਲੜਕੇ ਤੇ ਲੜਕੀਆਂ ਨੇ ਹਿੱਸਾ ਲਿਆ। ਯੁਵਕ ਸੇਵਾਵਾਂ ਦੇ ਸਹਾਇਕ ਡਾਇਰੈਕਟਰ ਕੈਪਟਨ ਮਨਤੇਜ ਚੀਮਾ ਨੇ ਦੱਸਿਆ ਕਿ ਇਸ ਦੌਰਾਨ ਹਿੱਸਾ ਲੈਣ ਵਾਲਿਆਂ ਨੂੰ ਦਿੱਲੀ ਦੀਆਂ ਵੱਖ-ਵੱਖ ਇਤਿਹਾਸਕ ਥਾਵਾਂ ਦਾ ਦੌਰਾ ਕਰਵਾਇਆ ਗਿਆ ਏ।